ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਪੰਜਾਬ ਸਰਕਾਰ ਕਿਸਾਨਾਂ ਨੂੰ ਫਸਲੀ ਵਿਭਿੰਨਤਾ ਵੱਲ ਮੋੜਨ ਲਈ ਯਤਨਸ਼ੀਲ: ਐਰੀ
* ਡਾਇਰੈਕਟਰ ਖੇਤੀਬਾੜੀ ਵੱਲੋਂ ਬਰਨਾਲਾ ਜ਼ਿਲ੍ਹੇ ਦਾ ਦੌਰਾ
* ਖੇਤੀ ਅਧਿਕਾਰੀਆਂ ਨੂੰ ਕਿਸਾਨਾਂ ਨੂੰ ਨਰਮੇ/ਮੱਕੀ ਦੀ ਕਾਸ਼ਤ ਲਈ ਪ੍ਰੇਰਨ ਲਈ ਆਖਿਆ

ਬਰਨਾਲਾ, 1 ਮਈ
ਖੇਤੀਬਾੜੀ ਅਤੇ ਕਿਸਾਨ ਭਲਾਈ ਪੰਜਾਬ ਵੱਲੋਂ ਕਿਸਾਨਾਂ ਨੂੰ ਫਸਲੀ ਚੱਕਰ ਵਿੱਚੋਂ ਕੱਢਣ ਅਤੇ ਫਸਲੀ ਵਿÇÎ ਭੰਨਤਾ ਵੱਲ ਮੋੜਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਡਾਇਰੈਕਟਰ ਖੇਤੀਬਾੜੀ ਪੰਜਾਬ ਡਾ. ਸੁਤੰਤਰ ਕੁਮਾਰ ਐਰੀ ਵੱਲੋਂ ਬਰਨਾਲਾ ਜ਼ਿਲ੍ਹੇ ਦੇ ਦੌਰੇ ਦੌਰਾਨ ਕੀਤਾ ਗਿਆ।
ਉਨ੍ਹਾਂ ਆਖਿਆ ਕਿ ਧਰਤੀ ਹੇਠਲੇ ਪਾਣੀ ਪੱਧਰ ਤੇਜ਼ੀ ਨਾਲ ਡਿੱਗਦਾ ਜਾ ਰਿਹਾ ਹੈ, ਇਸ ਲਈ ਖੇਤੀਬਾੜੀ ਅ Î ਧਿਕਾਰੀ ਕਿਸਾਨਾਂ ਵਿੱਚ ਵੱਧ ਤੋਂ ਵੱਧ ਵਿਚਰ ਕੇ ਉਨ੍ਹਾਂ ਨੂੰ ਫਸਲੀ ਵਿਭਿੰਨਤਾ ਅਪਣਾਉਣ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਨਰਮੇ ਦੀ ਬਿਜਾਈ ਲਈ ਇਹ ਢੁਕਵਾਂ ਸਮਾਂ ਚੱਲ ਰਿਹਾ ਹੈ ਅਤੇ ਪਿਛਲੇ 3-4 ਸਾਲ ਤੋਂ ਨਰਮੇ ਦੀ ਫਸਲ ਦਾ ਬਹੁਤ ਚੰਗਾ ਝਾੜ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਨਰਮੇ/ਮੱਕੀ ਦੀ ਫਸਲ ਉੱਤੇ ਝੋਨੇ  ਦੀ ਕਾਸ਼ਤ ਦੇ ਮੁਕਾਬਲੇ ਖਰਚੇ ਘੱਟ ਆਉਂਦੇ ਹਨ।ਇਸ ਲਈ ਕਿਸਾਨਾਂ ਨਰਮੇ ਜਾਂ ਮੱਕੀ ਦੀ ਕਾਸ਼ਤ ਵੱਲ ਰੁਖ ਕਰਨ।
ਉਨ੍ਹਾਂ ਕਿਹਾ ਕਿ ਮੱਕੀ ਲਈ 15 ਮਈ ਤੋਂ 15 ਜੂਨ ਤੱਕ ਮੌਸਮ ਅਨੁਕੂਲ ਹੁੰਦਾ ਹੈ। ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਮੱਕੀ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਨੂੰ 23,500 ਰੁਪਏ ਪ੍ਰਤੀ ਹੈਕਟੇਅਰ ਵੀ ਦਿੱਤੇ ਜਾਣੇ ਹਨ, ਜਿਸ ਲਈ ਕਿਸਾਨਾਂ ਨਾਲ ਰਾਬਤਾ ਕਾਇਮ ਕਰਕੇ ਝੋਨੇ ਦੀ ਥਾਂ ਮੱਕੀ ਲਗਾਉਣ ਵਾਲੇ ਕਿਸਾਨਾਂ ਦੀਆਂ ਸੂਚੀਆਂ ਤਿਆਰ ਕੀਤੀਆਂ ਜਾਣ।
ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਡਾ. ਬਲਦੇਵ ਸਿੰਘ ਨੇ ਦੱਸਿਆ ਕਿ ਬਰਨਾਲਾ ਜ਼ਿਲੇ ਦੇ ਬਹੁਤ ਕਿਸਾਨ ਨਰਮਾ/ ਮੱਕੀ ਬੀਜਣ ਲਈ ਤਿਆਰ ਹੋ ਰਹੇ ਹਨ, ਇਸ ਸਮੇਂ 30 ਹੈਕਟੇਅਰ ਤੋਂ ਵੱਧ ਨਰਮੇ ਦੀ ਬਿਜਾਈ ਹੋ ਚੁੱਕੀ ਹੈ ਤੇ ਬਰਨਾਲੇ ਵਿੱਚ ਨਰਮੇ ਹੇਠ ਰਕਬਾ ਵਧਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।
ਇਸ ਮੌਕੇ ਜ਼ਿਲ੍ਹਾ ਸਿਖਲਾਈ ਅਫਸਰ ਬਰਨਾਲਾ ਡਾ. ਚਰਨਜੀਤ ਸਿੰਘ ਕੈਂਥ, ਡਾ. ਦਿਲਬਾਗ ਸਿੰਘ ਏ ਓ, ਡਾ. ਸਰਬਜੀਤ ਸਿੰਘ, ਡਾ. ਗੁਰਚਰਨ ਸਿੰਘ, ਡਾ. ਗੁਰਬਿੰਦਰ ਸਿੰਘ ਤੇ ਬੇਅੰਤ ਸਿੰਘ ਹਾਜ਼ਰ ਸਨ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਰੋਜ਼ਗਾਰ ਤੇ ਕਾਰੋਬਾਰ ਬਿਓਰੋ ਵੱਲੋਂ ਆਨਲਾਈਨ ਕਾਊਂਸਲਿੰਗ ਅੱਜ ਤੋਂ: ਡਿਪਟੀ ਕਮਿਸ਼ਨਰ
* ਚਾਹਵਾਨ 76529-25858 ’ਤੇ ਕਰ ਸਕਦੇ ਹਨ ਸੰਪਰਕ

ਬਰਨਾਲਾ, 1 ਮਈ
ਪੰਜਾਬ ਸਰਕਾਰ ਦੇ ਘਰ ਘਰ ਰੋਜ਼ਗਾਰ ਮਿਸ਼ਨ ਤਹਿਤ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਰ ਬਿਊਰੋ ਵੱਲੋਂ ਨੌਜਵਾਨਾਂ ਅਤੇ ਹੋਰ ਬੇਰੋਜ਼ਗਾਰਾਂ ਨੂੰ ਰੋਜ਼ਗਾਰ ਜਾਂ ਸਵੈ ਰੋਜ਼ਗਾਰ ਬਾਰੇ ਜਾਣਕਾਰੀ ਦੇਣ ਲਈ ਭਲਕੇ ਤੋਂ ਆਨਲਾਈਨ ਕਾਊਂਸਲਿੰਗ ਸ਼ੁਰੂ ਕੀਤੀ ਜਾ ਰਹੀ ਹੈ।
ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਮੱਦੇਨਜ਼ਰ ਲੱਗੇ ਕਰਫਿਊ ਕਾਰਨ ਅਤੇ ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਇਕੱਠ ਨਹੀਂ ਕੀਤੇ ਜਾ ਰਹੇ ਅਤੇ ਸਮਾਜਿਕ ਦੂਰੀ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ। ਇਸ ਦੇ ਮੱਦੇਨਜ਼ਰ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਰ ਬਿਊਰੋ ਵੱਲੋਂ ਵੀ ਆਨਲਾਈਨ ਕਾਊਂਸਲਿੰਗ ਦੀ ਸੁਵਿਧਾ ਮੁਹੱਈਆ ਕਰਾਈ ਗਈ ਹੈ ਤਾਂ ਜੋ ਵਿਦਿਆਰਥੀ ਜਾਂ ਨੌਜਵਾਨ ਹਾਲਾਤ ਆਮ ਹੋਣ ’ਤੇ ਪਹਿਲਾਂ ਵਾਂਗ ਪ੍ਰੀਖਿਆਵਾਂ ਦੇ ਸਕਣ ਅਤੇ ਹੁਣ ਘਰ ਬੈਠੇ ਆਪਣਾ ਸਮਾਂ ਚੰਗੇ ਪਾਸੇ ਲਾ ਸਕਣ। ਉਨ੍ਹਾਂ ਦੱਸਿਆ ਕਿ ਆਨਲਾਈਨ ਕਾਊਂਸਲਿੰਗ ਦੌਰਾਨ ਰੋਜ਼ਗਾਰ ਦੇ ਮੌਕਿਆਂ, ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਦੇ ਨਾਲ ਨਾਲ ਸਵੈ ਰੋਜ਼ਗਾਰ ਸਕੀਮਾਂ ਅਤੇ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਬਰਨਾਲਾ ਵੱਲੋਂ ਦਿੱਤੀਆਂ ਜਾਂਦੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਆਨਲਾਈਨ ਕਾਊਂਸਲਿੰਗ ਦੇ ਚਾਹਵਾਨ ਪ੍ਰਾਰਥੀ 76529-25858 ਮੋਬਾਈਲ ਨੰਬਰ ’ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਕਾਊਂਸਲਿੰਗ ਦੀ ਸੇਵਾ ਸਵੇਰੇ 9:00 ਵਜੇ ਤੋਂ ਸ਼ਾਮ 05:00 ਵਜੇ ਤੱਕ ਮੁਹੱਈਆ ਕਰਵਾਈ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਕਰੋਨਾ ਵਾਇਰਸ ਦੇ ਮੱਦੇਨਜ਼ਰ ਜ਼ਿਲ੍ਹੇ ਵਿਚ ਘਰ ਘਰ ਸਰਵੇਖਣ ਜਾਰੀ: ਡਿਪਟੀ ਕਮਿਸ਼ਨਰ

* ਜ਼ਿਲ੍ਹੇ ਵਿਚ ਹੁਣ ਤੱਕ **68976** ਘਰਾਂ ਦੇ **3.25** ਲੱਖ ਵਿਅਕਤੀਆਂ ਦਾ ਕੀਤਾ ਜਾ ਚੁੱਕਾ ਹੈ ਸਰਵੇਖਣ
* ਸਿਹਤ ਵਿਭਾਗ ਦੀਆਂ ਟੀਮਾਂ ਤਨਦੇਹੀ ਨਾਲ ਡਟੀਆਂ

ਬਰਨਾਲਾ, **1** ਮਈ

ਜ਼ਿਲ੍ਹਾ ਬਰਨਾਲਾ ਵਿਚ ਕਰੋਨਾ ਵਾਇਰਸ ਤੋਂ ਬਚਾਅ ਦੇ ਮੱਦੇਨਜ਼ਰ ਹਰ ਤਰ੍ਹਾਂ ਦੇ ਕਦਮ ਚੁੱਕੇ ਜਾ ਰਹੇ ਹਨ। ਇਸੇ ਤਹਿਤ ਜ਼ਿਲ੍ਹੇ ਵਿਚ ਸਿਹਤ ਅਮਲੇ ਵੱਲੋਂ ਘਰ ਘਰ ਸਰਵੇਖਣ ਕੀਤਾ ਜਾ ਰਿਹਾ ਹੈ ਤਾਂ ਜੋ ਖੰਘ, ਜ਼ੁਕਾਮ, ਬੁਖਾਰ ਆਦਿ ਲੱਛਣ ਵਾਲੇ ਵਿਅਕਤੀਆਂ ਦੀ ਪਛਾਣ ਕਰ ਕੇ ਉਨ੍ਹਾਂ ਦੀ ਸਿਹਤ ਜਾਂਚ ਕੀਤੀ ਜਾ ਸਕੇ। ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਇਹ ਸਰਵੇਖਣ ਜਾਰੀ ਹੈ ਅਤੇ ਹੁਣ ਤੱਕ ਜ਼ਿਲ੍ਹੇ ਵਿਚ **68,976** ਘਰਾਂ ਦਾ ਦੌਰਾ ਕਰ ਕੇ **3,25,796** ਵਿਅਕਤੀਆਂ ਦਾ ਸਰਵੇਖਣ ਕੀਤਾ ਜਾ ਚੁੱਕਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ  ਸਿਹਤ ਵਿਭਾਗ ਵੱਲੋਂ ਪੂਰੇ ਜ਼ਿਲ੍ਹੇ ਅੰਦਰ ਘਰ ਘਰ ਜਾ ਕੇ ਸਰਵੇਖਣ ਕੀਤਾ ਜਾ ਰਿਹਾ ਹੈ। ਇਸ ਸਰਵੇਖਣ ਵਿਚ ਖੰਘ, ਜ਼ੁਕਾਮ ਜਾਂ ਬੁਖਾਰ ਆਦਿ ਦੇ ਲੱਛਣਾਂ ਵਾਲੇ ਵਿਅਕਤੀਆਂ ਦੀ ਪਛਾਣ ਕੀਤੀ ਜਾਂਦੀ ਹੈ। ਜੇਕਰ ਕਿਸੇ ਨੂੰ ਖੰਘ, ਜ਼ੁਕਾਮ ਜਾਂ ਬੁਖਾਰ ਆਦਿ ਲੱਛਣ **7** ਦਿਨ ਪੁਰਾਣੇ ਹਨ ਤਾਂ ਉਸ ਨੂੰ ਸਬੰਧਤ ਸਿਹਤ ਬਲਾਕ ਦੇ ਫਲੂ ਕਾਰਨਰ ਵਿਚ ਅਗਲੇਰੀ ਜਾਂਚ ਲਈ ਭੇਜਿਆ ਜਾਂਦਾ ਹੈ।

ਉਨ੍ਹਾਂ ਕਿ ਮਲਟੀਪਰਪਜ਼ ਹੈਲਥ ਵਰਕਰ ਅਤੇ ਆਸ਼ਾ ਵਰਕਰਾਂ ਦੀਆਂ ਟੀਮਾਂ ਵੱਲੋਂ ਇਹ ਸਰਵੇਖਣ ਕੀਤਾ ਜਾ ਰਿਹਾ ਹੈ। ਇਸ ਸਰਵੇਖਣ ਦੌਰਾਨ ਸਿਹਤ ਅਮਲੇ ਵੱਲੋਂ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਵੀ ਜਾਗਰੂਕ ਕੀਤਾ ਜਾਂਦਾ ਹੈ ਕਿ ਲੋਕ ਮਾਸਕ ਲਾਜ਼ਮੀ ਪਾਉਣ, ਸਮੇਂ ਸਮੇਂ ’ਤੇ ਹੱਥ ਧੋਣ, ਹੋਰ ਲੋੜੀਂਦੇ ਇਹਤਿਆਤ ਵਰਤਣ ਅਤੇ ਕਰੋਨਾ ਵਾਇਰਸ ਦੇ ਲੱਛਣ ਮਹਿਸੂਸ ਹੋਣ ’ਤੇ ਜਾਂ ਕਿਸੇ ਵੀ ਤਰ੍ਹਾਂ ਦੀ ਲੋੜ ਪੈਣ ’ਤੇ ਸਿਹਤ ਵਿÎ ਭਾਗ ਨਾਲ ਸੰਪਰਕ ਕਰਨ। ਉਨ੍ਹਾਂ ਦੱਸਿਆ ਕਿ ਸਿਹਤ ਸਬੰਧੀ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਨੰਬਰ **011 2397 8046** ਜਾਂ ਜ਼ਿਲ੍ਹਾ ਕੰਟਰੋਲ ਰੂਮ ਦੇ ਨੰਬਰਾਂ  **01679-234777, 98721-95649, 76528-95649** ਤੇ **99153-05649** ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਰੋਟੇਸ਼ਨਲ ਸਮਾਂ ਸਾਰਨੀ ਅਨੁਸਾਰ ਦੁਕਾਨਾਂ ਖੋਲ੍ਹਣ ਲਈ ਨਿਰਧਾਰਿਤ ਸ਼ਰਤਾਂ ਦੀ ਪਾਲਣਾ ਜ਼ਰੂਰੀ
* ਸ਼ਹਿਰੀ ਖੇਤਰਾਂ ਵਿਚ ਇਕਹਿਰੀਆਂ, ਨੇਬਰਹੁਡ ਤੇ ਰਿਹਾਇਸ਼ੀ ਕੰਪਲੈਕਸਾਂ ਦੀਆਂ ਦੁਕਾਨਾਂ ਹੀ ਵਾਰੋ ਵਾਰੀ ਖੁੱਲ੍ਹਣਗੀਆਂ
* ਸਟਾਫ 50 ਫੀਸਦੀ ਹੀ ਰੱਖਣਾ ਅਤੇ ਹੋਰ ਸਾਵਧਾਨੀਆਂ ਵਰਤਣੀਆਂ ਲਾਜ਼ਮੀ
* ਬੇਕਰੀ, ਮਠਿਆਈਆਂ ਆਦਿ ਦੁਕਾਨਾਂ ’ਤੇ ਬੈਠ ਕੇ ਖਾਣਾ ਸਖਤ ਮਨ੍ਹਾ
* ਡਿਜੀਟਲ ਪੇਮੈਂਟ ਨੂੰ ਦਿੱਤੀ ਜਾਵੇ ਤਰਜੀਹ
* ਚਾਰ ਪਹੀਆ ਵਾਹਨ ਲਿਜਾਣ ਦੀ ਸਖਤ ਮਨਾਹੀ, ਸਿਰਫ ਦੋ ਪਹੀਆ ਵਾਹਨਾਂ ਦੀ ਹੀ ਇਜਾਜ਼ਤ

ਬਰਨਾਲਾ, 1 ਮਈ

ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਰੌਸ਼ਨੀ ਵਿਚ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਸ਼ਾਪਜ਼ ਐਂਡ ਐਸਟੇਬਲਿਸ਼ਮੈਂਟ ਐਕਟ 1958 ਤਹਿਤ ਸਵੇਰੇ 7 ਤੋਂ 11 ਵਜੇ ਤੱਕ ਦੁਕਾਨਾਂ ਖੋਲ੍ਹਣ ਸਬੰਧੀ ਕੁਝ ਸ਼ਰਤਾਂ ’ਤੇ ਹੁਕਮ ਜਾਰੀ ਕੀਤੇ ਗਏ ਹਨ।

ਇਨ੍ਹਾਂ ਹੁਕਮਾਂ ਵਿਚ ਆਖਿਆ ਗਿਆ ਹੈ ਕਿ ਪੇਂਡੂ ਖੇਤਰਾਂ ਵਿਚ ਸ਼ਾਪਜ਼ ਐਂਡ ਐਸਟੇਬਲਿਸ਼ਮੈਂਟ ਐਕਟ ਅਧੀਨ ਸਾਰੀਆਂ ਦੁਕਾਨਾਂ 50 ਫੀਸਦੀ ਸਟਾਫ ਨਾਲ ਸਵੇਰੇ 7 ਤੋਂ 11 ਵਜੇ ਤੱਕ ਖੋਲ੍ਹੀਆਂ ਜਾ ਸਕਣਗੀਆਂ, ਜਦੋਂਕਿ ਸ਼ਹਿਰੀ ਖੇਤਰਾਂ (ਮਿਉਂਸਿਪਲ ਲਿਮਿਟ ਅਧੀਨ) ਇਕੱਲੀਆਂ ਕਹਿਰੀਆਂ (ਸਟੈਂਡ ਅਲੋਨ) ਦੁਕਾਨਾਂ, ਨੇਬਰਹੁਡ ਦੁਕਾਨਾਂ ਤੇ ਰਿਹਾਇਸ਼ੀ ਕੰਪਲੈਕਸ ਵਾਲੀਆਂ ਦੁਕਾਨਾਂ ਹੀ 50 ਫੀਸਦੀ ਸਟਾਫ ਨਾਲ ਰੋਟੇਸ਼ਨਲ ਸਮਾਂ ਸਾਰਨੀ ਅਨੁਸਾਰ ਖੋਲ੍ਹੀਆਂ ਜਾ ਸਕਦੀਆਂ ਹਨ।

ਹੁਕਮਾਂ ਅਨੁਸਾਰ ਆਮ ਲੋਕਾਂ ਨੂੰ 7 ਤੋਂ 11 ਵਜੇ ਤੱਕ ਜ਼ਰੂਰੀ ਵਸਤਾਂ ਦੀ ਖਰੀਦਦਾਰੀ ਦੀ ਹੀ ਇਜਾਜ਼ਤ ਹੈ। ਇਸ ਦੌਰਾਨ ਮਾਸਕ, ਦਸਤਾਨੇ ਆਦਿ ਪਾਉਣ ਅਤੇ ਹੋਰ ਇਹਤਿਆਤਾਂ ਦਾ ਪੂਰਾ ਖਿਆਲ ਰੱਖਿਆ ਜਾਵੇ। ਸਮਾਜਿਕ ਦੂਰੀ ਦੀ ਪਾਲਣਾ ਵੀ ਜ਼ਰੂਰੀ ਹੈ। ਬੇਕਰੀ, ਮਠਿਆਈ, ਕਨਫੈਕਸ਼ਨਰੀ ਆਦਿ ਦੁਕਾਨਾਂ ’ਤੇ ਬੈਠ ਕੇ ਖਾਣਾ ਸਖਤ ਮਨ੍ਹਾ ਹੈ, ਸਿਰਫ ਪੈਕ ਕਰਵਾ ਕੇ ਲਿਜਾਣ ਦੀ ਹੀ ਇਜਾਜ਼ਤ ਹੈ। ਦੁਕਾਨਦਾਰ ਵੀ ਵਸਤਾਂ ਦੀ ਹੋਮ ਡਿਲਿਵਰੀ ਨੂੰ ਹੀ ਤਰਜੀਹ ਦੇਣ। ਦੁਕਾਨਦਾਰ ਦੁਕਾਨਾਂ ’ਤੇ ਗਾਹਕਾਂ ਤੇ ਸਟਾਫ ਵਿਚਾਲੇ ਘੱਟੋ ਘੱਟ ਇਕ ਮੀਟਰ ਦਾ ਫਾਸਲਾ ਯਕੀਨੀ ਬਣਾਉਣਗੇ। ਦੁਕਾਨਦਾਰ ਇਹ ਵੀ ਯਕੀਨੀ ਬਣਾਉਣਗੇ ਕਿ ਗਾਹਕਾਂ ਦੇ ਮਾਸਕ ਲਾਜ਼ਮੀ ਪਾਇਆ ਹੋਵੇ। ਦੁਕਾਨਦਾਰ ਦੁਕਾਨਾਂ ਵਿਚ ਸੈਨੇਟਾਈਜ਼ਰ ਰੱਖਣਾ ਅਤੇ ਆਪਣੇ, ਸਟਾਫ ਤੇ ਗਾਹਕਾਂ ਦੇ ਹੱਥ ਸੈਨੇਟਾਈਜ਼ ਕਰਨੇ ਯਕੀਨੀ ਬਣਾਉਣਗੇ। ਗਾਹਕ ਦੁਕਾਨਾਂ ਵਿਚ ਉਨ੍ਹਾਂ ਚੀਜ਼ਾਂ ਨੂੰ ਹੱਥ ਲਾਉਣ ਤੋਂ ਗੁਰੇਜ਼ ਕਰਨ, ਜਿਨ੍ਹਾਂ ਦੀ ਲੋੜ ਨਹੀਂ। ਦੁਕਾਨਦਾਰ ਅਤੇ ਗਾਹਕ ਨਕਦੀ ਦੀ ਬਜਾਏ ਡਿਜੀਟਲ ਪੇਮੈਂਟ ਨੂੰ ਤਰਜੀਹ ਦੇਣ ਅਤੇ ਲੈਣ-ਦੇਣ ਮਗਰੋਂ ਗਾਹਕ ਅਤੇ ਦੁਕਾਨਦਾਰ ਹੱਥ ਸੈਨੇਟਾਈਜ਼ ਕਰਨੇ ਯਕੀਨੀ ਬਣਾਉਣ। ਗਾਹਕ ਆਪਣੇ ਘਰਾਂ ਤੋਂ ਕੈਰੀ ਬੈਗ ਲਿਜਾਣ ਨੂੰ ਤਰਜੀਹ ਦੇਣ ਅਤੇ ਕੱਪੜੇ ਦੇ ਬੈਗ ਗਰਮ ਪਾਣੀ ਨਾਲ ਧੋਤੇ ਜਾਣ। ਕੋਵਿਡ 19 ਦੇ ਮੱਦੇਨਜ਼ਰ ਪੰਜਾਬ ਸਰਕਾਰ ਦੀਆਂ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ, ਅਜਿਹਾ ਨਾ ਕਰਨ ਵਾਲਿਆਂ ’ਤੇ ਸਖਤ ਕਾਰਵਾਈ ਕੀਤੀ ਜਾਵੇਗੀ।

ਹੁਕਮਾਂ ਅਨੁਸਾਰ ਕਰਿਆਨਾ ਦੁਕਾਨਾਂ, ਕੈਮਿਸਟ ਤੇ ਲੈਬੋਰੇਟਰੀਆਂ ਸਵੇਰੇ 7 ਤੋਂ 11 ਵਜੇ ਤੱਕ ਐਤਵਾਰ ਤੋਂ ਬਿਨਾਂ ਬਾਕੀ ਦਿਨ ਖੁੱਲ੍ਹੀਆਂ ਰੱਖੀਆਂ ਜਾ ਸਕਦੀਆਂ ਹਨ। ਹੋਮ ਡਿਲਿਵਰੀ ਸ਼ਾਮ 5 ਵਜੇ ਤੱਕ ਕੀਤੀ ਜਾ ਸਕਦੀ ਹੈ।

ਹੁਕਮਾਂ ਅਨੁਸਾਰ ਮਲਟੀ ਬਰਾਂਡ, ਸਿੰਗਲ ਬਰਾਂਡ ਮਾਲਜ, ਮਾਰਕੀਟ ਕੰਪਲੈਕਸ, ਮਾਰਕੀਟ ਵਿਚਲੀਆਂ ਦੁਕਾਨਾਂ (ਜੋ ਰਿਹਾਇਸ਼ੀ ਕੰਪਲੈਕਸ ’ਚ ਨਹੀਂ) ਤੇ ਸ਼ਾਪਿੰਗ ਮਾਲ ਨਹੀਂ ਖੁੱਲ੍ਹਣਗੇ। ਇਸ ਦੌਰਾਨ ਚਾਰ ਪਹੀਆ ਵਾਹਨ ਲਿਜਾਣ ਦੀ ਸਖਤ ਮਨਾਹੀ ਹੈ, ਗਾਹਕ ਸਿਰਫ ਦੋ ਪਹੀਆ ਵਾਹਨਾਂ ’ਤੇ ਹੀ ਜਾ ਸਕਦੇ ਹਨ।

ਇਸ ਦੌਰਾਨ ਸ਼ਰਾਬ ਦੇ ਠੇਕੇ, ਤੰਬਾਕ ਦੀ ਵਿਕਰੀ, ਸੈਲੂਨ, ਹਜ਼ਾਮਤ ਦੀਆਂ ਦੁਕਾਨਾਂ, ਬਿਊਟੀ ਪਾਰਲਰ, ਸਾਰੇ ਵਿਦਿਅਕ, ਟਰੇਨਿੰਗ, ਕੋਚਿੰਗ ਇੰਸਟੀਚਿਊਟ, ਆਈਲੈਟਸ ਇੰਸਟੀਚਿਊਟ, ਹਾਸਪੀਟੈਲਿਟੀ ਸੇਵਾਵਾਂ, ਸਾਪਿੰਗ ਮਾਲਜ਼, ਸਾਰੇ ਸਿਨੇਮਾ ਹਾਲ, ਜਿੰਮ, ਸਪੋਰਟਸ ਕੰਪਲੈਕਸ, ਸਵਿੰਮਿੰਗ ਪੂਲ, ਐਂਟਰਟੇਨਮੈਂਟ ਪਾਰਕ, ਥੀਏਟਰ, ਬਾਰ, ਆਡੀਟੋਰੀਅਮ, ਰੈਸਟੋਰੈਂਟ, ਅਸੈਂਬਲੀ ਹਾਲ ਤੇ ਹੋਰ ਸਬੰਧਤ ਥਾਵਾਂ, ਸਾਰੇ ਤਰ੍ਹਾਂ ਦੇ ਸਮਾਜਿਕ, ਰਾਜਨੀਤਿਕ, ਖੇਡ, ਮਨੋਰੰਜਕ, ਵਿਦਿਅਕ, ਸੱਭਿਆਚਾਰਕ, ਧਾਰਮਿਕ ਸਮਾਗਮ ਤੇ ਹੋਰ ਇਕੱਠ, ਸਾਰੇ ਧਾਰਮਿਕ ਸਮਾਗਮਾਂ ’ਤੇ ਪਾਬੰਦੀ ਰਹੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਬਰਨਾਲਾ ਵਿਚ ਫਸੇ ਦੂਜੇ ਰਾਜਾਂ ਦੇ ਵਿਅਕਤੀ ਘਰ ਵਾਪਸੀ ਲਈ ਆਨਲਾਈਨ ਅਪਲਾਈ ਕਰਨ: ਡਿਪਟੀ ਕਮਿਸ਼ਨਰ

* **www.covidhelp.punjab.gov.in** ਵੈਬਸਾਈਟ 'ਤੇ ਨਿਰਧਾਰਿਤ ਪ੍ਰਫਾਰਮੇ ਰਾਹੀਂ **3** ਮਈ ਤੱਕ ਕੀਤਾ ਜਾਵੇ ਅਪਲਾਈ

ਬਰਨਾਲਾ, **1** ਮਈ
ਪੰਜਾਬ ਸਰਕਾਰ ਵੱਲੋਂ ਕੋਵਿਡ**-19** ਦੇ ਫੈਲਾਅ ਨੂੰ ਰੋਕਣ ਲਈ ਸੂਬੇ ਵਿੱਚ ਲਗਾਏ ਗਏ ਕਰਫਿਊ/ਲਾਕਡਾਊਨ ਕਾਰਨ ਪੰਜਾਬ ਵਿੱਚ ਫਸੇ ਵਿਅਕਤੀਆਂ ਦੇ ਆਪਣੇ ਪਿਤਰੀ ਰਾਜ ਵਾਪਸ ਜਾਣ ਸਬੰਧੀ ਸਟੈਂਡਰਡ ਆਪਰੇਟਿੰਗ ਪ੍ਰੋਸੀਜ਼ਰ (ਐਸ.ਓ.ਪੀ.) ਜਾਰੀ ਕੀਤੇ ਗਏ ਹਨ।
ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਸਰਕਾਰ ਵੱਲੋਂ ਪੰਜਾਬ ਵਿੱਚ ਫਸੇ ਵਿਅਕਤੀਆਂ ਦੇ ਆਪਣੇ ਪਿਤਰੀ ਰਾਜ ਵਾਪਸ ਜਾਣ ਦੀ ਪ੍ਰਕਿਰਿਆਂ **5** ਮਈ ਨੂੰ ਸ਼ੁਰੂ ਕਰਨ ਦੀ ਯੋਜਨਾ ਉਲੀਕੀ ਗਈ ਹੈ। ਇਸ ਤਹਿਤ ਬਰਨਾਲਾ ਜ਼ਿਲ੍ਹੇ ਵਿਚ ਫਸੇ ਹੋਰ ਰਾਜਾਂ ਦੇ ਵਸਨੀਕ **www.covidhelp.punjab.gov.in** ਵੈਬਸਾਈਟ 'ਤੇ **http://covidhelp.punjab.gov.in/PunjabOutRegistration.aspx Ç** ਲੰਕ 'ਤੇ ਨਿਰਧਾਰਿਤ ਪ੍ਰਫਾਰਮੇ ਰਾਹੀਂ **3** ਮਈ ਤੱਕ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਜਦੋਂ ਵਾਰ ਕੋਈ ਵਿਅਕਤੀ ਆਪਣੇ ਪਰਿਵਾਰ/ਸਮੂਹ ਲਈ ਪ੍ਰੋਫਾਰਮਾ ਭਰਦਾ ਹੈ ਤਾਂ ਉਸ ਨੂੰ ਪੂਰੇ ਪਰਿਵਾਰ/ਸਮੂਹ ਲਈ ਇੱਕ ਸਿਸਟਮ ਦੁਆਰਾ ਜਨਰੇਟ ਆਈ ਡੀ ਮਿਲੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਵੇਰਵਿਆਂ ਅਨੁਸਾਰ ਸਬੰਧਤ ਵਿਅਕਤੀਆਂ ਦੀ ਸਿਹਤ ਜਾਂਚ/ਸਕਰੀਨਿੰਗ ਕਰਵਾਈ ਜਾਵੇਗੀ। ਸਕਰੀਨਿੰਗ **4** ਮਈ, **2020** ਤੱਕ ਪੂਰੀ ਕਰ ਲਈ ਜਾਵੇਗੀ, ਇਸ ਤੋਂ ਬਾਅਦ **5** ਮਈ ਤੋਂ ਪਰਵਾਸੀਆਂ ਨੂੰ ਉਨ੍ਹਾਂ ਦੇ ਪਿੱਤਰੀ ਰਾਜਾਂ ਵਿਚ ਭੇਜਣ ਦੀ ਪ੍ਰਕਿਰਿਆ ਸ਼ੁਰੂ ਹੋ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਰਨਾਲਾ ਜ਼ਿਲ੍ਹੇ ਵਿਚ ਫਸੇ ਹੋਰ ਰਾਜਾਂ ਦੇ ਵਸਨੀਕ **www.covidhelp.punjab.gov.in** 'ਤੇ ਅਪਲਾਈ ਕਰਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਬੰਧਤ ਸੰਸਥਾਵਾਂ ਦੇ ਨੁਮਾਇੰਦੇ, ਪਿੰਡਾਂ ਦੇ ਸਰਪੰਚ ਜਾਂ ਹੋਰ ਮੋਹਤਬਰ ਪਰਵਾਸੀਆਂ ਨੂੰ ਅਪਲਾਈ ਕਰਵਾਉਣ ਵਿਚ ਮਦਦ ਕਰਨ। ਇਸ ਦੇ ਬਾਵਜੂਦ ਜੇ ਆਨਲਾਈਨ ਅਪਲਾਈ ਕਰਨ ਵਿਚ ਦਿੱਕਤ ਪੇਸ਼ ਆ ਰਹੀ ਹੈ ਤਾਂ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ **01679-230032** 'ਤੇ ਸੰਪਰਕ ਕੀਤਾ ਜਾਵੇ।